# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-10-2024**

ਅੱਜ ਤੋਂ ਦੇਸ਼ ਭਰ ਵਿੱਚ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ। ਇਸ ਦਾ ਉਦੇਸ਼ ਇਮਾਨਦਾਰੀ ਨੂੰ ਉਤਸ਼ਾਹਿਤ ਕਰਨਾ ਅਤੇ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਕਰਨਾ ਏ। ਇਹ ਹਫ਼ਤਾ ਸ਼ਾਸਨ ਅਤੇ ਜਨਲੋਕ ਪ੍ਰਸ਼ਾਸਨ ਵਿੱਚ ਨੈਤਿਕਤਾ ਅਤੇ ਪਾਰਦਰਸ਼ਤਾ ਦੀ ਲੋੜ ਬਾਰੇ ਵਧੇਰੇ ਸੰਵੇਦਨਸ਼ੀਲਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਇਸ ਹਫਤੇ ਦਾ ਵਿਸ਼ਾ,  ਦੇਸ਼ ਦੀ ਖੁਸ਼ਹਾਲੀ ਲਈ ਇਮਾਨਦਾਰੀ ਦਾ ਸੱਭਿਆਚਾਰ ਰੱਖਿਆ ਗਿਆ ਏ। ਹਫ਼ਤੇ ਦੀ ਸ਼ੁਰੂਆਤ ਮੰਤਰਾਲਿਆਂ, ਵਿਭਾਗਾਂ, ਜਨਤਕ ਅਦਾਰਿਆਂ, ਬੈਂਕਾਂ ਅਤੇ ਹੋਰ ਸਾਰੀਆਂ ਸੰਸਥਾਵਾਂ ਵਿੱਚ ਜਨਤਕ ਸੇਵਕਾਂ ਦੁਆਰਾ ਸਹੁੰ ਚੁੱਕਣ ਨਾਲ ਹੋਈ ਏ। ਹਫ਼ਤੇ ਦੌਰਾਨ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਕਈ ਸਮਾਗਮ ਕਰਵਾਏ ਜਾਣਗੇ। ਹਰ ਸਾਲ ਭਾਰਤ ਰਤਨ ਸਰਦਾਰ ਵੱਲਭ

ਭਾਈ ਪਟੇਲ ਦੇ ਜਨਮ ਦਿਨ ਦੇ ਹਫਤੇ ਵਿੱਚ ਵਿਜੀਲੈਂਸ ਜਾਗਰੂਕਤਾ ਹਫਤੇ ਦਾ ਆਯੋਜਨ ਕੀਤਾ ਜਾਂਦਾ ਏ ।

---------------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੀਆਂ ਜਲੰਧਰ ਸਥਿਤ ਵੱਖ ਵੱਖ ਇਕਾਈਆਂ ਨੇ ਵੀ ਵਿਜੀਲੈਂਸ ਜਾਗਰੂਕਤਾ ਹਫਤੇ ਤਹਿਤ ਇਮਾਨਦਾਰੀ ਨਾਲ ਸੇਵਾਵਾਂ ਨਿਭਾਉਣ ਦੀ ਸਹੁੰ ਚੁਕੀ । ਆਕਾਸ਼ਵਾਣੀ ਜਲੰਧਰ , ਦੂਰਦਰਸ਼ਨ ਜਲੰਧਰ ਕੇਂਦਰੀ ਸੰਚਾਰ ਬਿਊਰੋ ਅਤੇ ਪੱਤਰ ਸੂਚਨਾ ਦਫਤਰ ਦੇ ਸੀਨੀਅਰ ਅਧਿਕਾਰੀਆਂ ਤੇ ਵੱਖ ਵੱਖ ਮੁਲਾਜ਼ਮਾਂ ਨੇ ਅਹਦ ਲਿਆ ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਵੀ ਸਮਾਜ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਇਮਾਨਦਾਰੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸੂਬੇ ਭਰ ਵਿੱਚ ਅੱਜ ਤੋਂ 3 ਨਵੰਬਰ ਤੱਕ ਸਲਾਨਾ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ , ਜਿਸ ਦੌਰਾਨ ਨਾਗਰਿਕਾਂ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਬਾਰੇ

ਜਾਗਰੂਕ ਕੀਤਾ ਜਾਵੇਗਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਜਾਰੀ ਰਹੇਗੀ ਅਤੇ ਭ੍ਰਿਸ਼ਟਾਚਾਰ ਦੀ ਕਿਸੇ ਵੀ ਕਾਰਵਾਈ ਵਿਰੁੱਧ ਸਖ਼ਤੀ ਨਾਲ ਨਜਿੱਠਿਆ ਜਾਵੇਗਾ । ਮੁੱਖ ਮੰਤਰੀ ਨੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ, ਸੂਬੇ ਵਿੱਚ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਲਈ ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ । ਵਿਸ਼ੇਸ਼ DGP ਵਿਜੀਲੈਂਸ ਬਿਊਰੋ ਦੇ ਚੀਫ਼ ਡਾਇਰੈਕਟਰ ਵਰਿੰਦਰ ਕੁਮਾਰ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਸੂਬੇ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਦੇ ਇਸ ਨੇਕ ਕਾਰਜ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਏ । ਵਿਜੀਲੈਂਸ ਚੀਫ਼ ਨੇ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਇਮਾਨਦਾਰੀ ਤੇ ਕੁਸ਼ਲਤਾ ਨਾਲ ਕੰਮ ਕਰਨ ਅਤੇ ਵਿਜੀਲੈਂਸ ਬਿਊਰੋ ਦੇ ਬਕਾਇਆ ਮਾਮਲਿਆਂ ਨੂੰ ਜਲਦ ਤੋਂ ਜਲਦ ਨਿਪਟਾਉਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਜਾਗਰੂਕਤਾ ਹਫ਼ਤੇ ਦੌਰਾਨ, ਨਾਗਰਿਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਬਿਊਰੋ ਵੱਲੋਂ ਸੂਬੇ ਦੀਆਂ ਸਾਰੀਆਂ 7 ਰੇਂਜਾਂ ਵਿੱਚ ਵਿੱਦਿਅਕ ਸੰਸਥਾਵਾਂ ਅਤੇ ਹੋਰ

ਥਾਵਾਂ 'ਤੇ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾਣਗੀਆਂ । ਇਸ ਦੌਰਾਨ ਵਿਜੀਲੈਂਸ ਬਿਊਰੋ ਦੇ ਸਾਰੇ ਐਸ.ਐਸ.ਪੀਜ਼. ਅਤੇ ਫੀਲਡ ਅਫ਼ਸਰ ਲੋਕਾਂ ਨਾਲ ਗੱਲਬਾਤ ਕਰਦਿਆਂ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਦਾ ਸੁਨੇਹਾ ਦੇਣਗੇ। ਵਿਜੀਲੈਂਸ ਨੇ ਮਾਰਚ 2022 ਤੋਂ ਹੁਣ ਤੱਕ ਭ੍ਰਿਸ਼ਟਾਚਾਰ ਦੇ 673 ਮਾਮਲੇ ਦਰਜ ਕਰਕੇ 758 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਆਪਣੇ ਨਿੱਜੀ ਹਿੱਤਾਂ ਲਈ 36 ਲੱਖ 67 ਹਜ਼ਾਰ 601 ਰੁਪਏ ਦੀਆਂ ਤਨਖਾਹਾਂ ਵਿੱਚ ਹੇਰਾ-ਫੇਰੀ ਕਰਨ ਵਿੱਚ ਸ਼ਾਮਲ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਏ । ਇਹ ਮੁਲਜ਼ਮ ਪਿਛਲੇ ਚਾਰ ਸਾਲਾਂ ਤੋਂ ਆਪਣੀਆਂ ਗ੍ਰਿਫਤਾਰੀਆਂ ਤੋਂ ਬਚ ਰਹੇ ਸਨ। ਇਹਨਾਂ ਮੁਲਜ਼ਮਾਂ ਦੀ ਪਛਾਣ ਜ਼ਿਲ੍ਹਾ ਜਲੰਧਰ ਵਿਖੇ ਸਰਕਾਰੀ ਹਾਈ ਸਕੂਲ ਤਲਵੰਡੀ ਮਾਧੋ ਦੇ ਸੇਵਾਮੁਕਤ ਮੁੱਖ ਅਧਿਆਪਕ ਗੁਰਮੇਲ ਸਿੰਘ ਅਤੇ ਨੌਕਰੀ ਤੋਂ ਬਰਖ਼ਾਸਤ ਕਲਰਕ ਸੁਖਵਿੰਦਰ ਸਿੰਘ ਵਜੋਂ ਹੋਈ ਏ । ਵਿਜੀਲੈਂਸ ਬਿਊਰੋ

ਦੇ ਬੁਲਾਰੇ ਨੇ ਦੱਸਿਆ ਕਿ ਇਹ ਮਾਮਲੇ ਤਤਕਾਲੀ ਜ਼ਿਲ੍ਹਾ ਸਿੱਖਿਆ ਅਫ਼ਸਰ ਜਲੰਧਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਮਗਰੋਂ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪੜਤਾਲ ਦੌਰਾਨ ਪਤਾ ਲੱਗਾ ਏ ਕਿ ਦੋਵਾਂ ਮੁਲਜ਼ਮਾਂ ਨੇ ਮਿਲੀ-ਭੁਗਤ ਕਰਕੇ ਸਾਲ 2015 ਤੋਂ 2017 ਤੱਕ ਦੀਆਂ ਤਨਖਾਹਾਂ ਵਿੱਚ ਘਪਲਾ ਕੀਤਾ ਅਤੇ ਆਪਣੇ ਚਾਰ ਰਿਸ਼ਤੇਦਾਰਾਂ ਨੂੰ ਸਕੂਲ ਵਿੱਚ ਅਧਿਆਪਕਾਂ ਵਜੋਂ ਕੰਮ ਕਰਦੇ ਦਿਖਾਉਂਦਿਆਂ, ਉਹਨਾਂ ਦੇ ਖਾਤਿਆਂ ਵਿੱਚ 35 ਲੱਖ ਤੋਂ ਵੱਧ ਰੁਪਏ ਮਹੀਨਾਵਾਰ ਤਨਖਾਹ ਵਜੋਂ ਜਮ੍ਹਾਂ ਕਰਵਾਏ। ਬੁਲਾਰੇ ਨੇ ਦੱਸਿਆ ਕਿ ਦੋਵੇਂ ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਨੂੰ ਅੱਜ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਏ ਅਤੇ ਬਾਕੀ ਮੁਲਜ਼ਮਾਂ ਨੂੰ ਵੀ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਏ।

------------------------------------------------------------

ਪੰਜਾਬ ਪੁਲਿਸ ਵਲੋਂ ਬਰਾਮਦ ਕੀਤੀ ਗਈ 105 ਕਿਲੋਗ੍ਰਾਮ ਹੈਰੋਇਨ ਦੇ ਮਾਮਲੇ ’ਚ ਅਗਲੀ ਜਾਂਚ ਕਰਦਿਆ ਅੱਜ ਕਪੂਰਥਲਾ ਪੁਲਿਸ ਨੇ ਤਸਕਰ ਲਵਪ੍ਰੀਤ ਸਿੰਘ ਨੂੰ ਕਾਰ ਅਤੇ 6 ਕਿਲੋਗ੍ਰਾਮ ਹੈਰੋਇਨ ਸਮੇਤ

ਗ੍ਰਿਫ਼ਤਾਰ ਕੀਤਾ ਏ। ਹਿੰਦੁਸਥਾਨ ਸਮਾਚਾਰ ਏਜੰਸੀ ਮੁਤਾਬਿਕ ਮੁਲਜ਼ਮ ਨੇ ਰਾਜਸਥਾਨ ਦੇ ਹਨੂੰਮਾਨਗੜ੍ਹ ਤੋਂ ਲਿਆਂਦੀ ਗਈ ਹੈਰੋਇਨ ਦੀ ਇਹ ਖੇਪ, ਨਸ਼ਾ ਤਸਕਰ ਨਵਜੋਤ ਸਿੰਘ ਨੂੰ ਸੌਂਪਣੀ ਸੀ, ਜਿਸ ਨੂੰ ਕੱਲ੍ਹ ਗ੍ਰਿਫ਼ਤਾਰ ਕੀਤਾ ਗਿਆ ਏ। ਅੰਮ੍ਰਿਤਸਰ ਵਿਖੇ ਮਾਮਲਾ ਦਰਜ ਕਰ ਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ। ਇਸ ਸਬੰਧੀ ਹੋਰ ਵੇਰਵੇ ਜਲਦ ਪੰਜਾਬ ਪੁਲਿਸ ਵਲੋਂ ਸਾਂਝੇ ਕੀਤੇ ਜਾਣਗੇ।

----------------------------------------------------------

ਪੇਂਡੂ ਵਿਕਾਸ ਤੇ ਪੰਚਾਇਤ, ਸੈਰ ਸਪਾਟਾ ਤੇ ਸੱਭਿਆਚਾਰਕ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਉਹ, ਪੰਜਾਬ ਦੇ ਵਿੱਚ ਸੈਰ ਸਪਾਟਾ ਉਦਯੋਗ ਨੂੰ ਉਤਸ਼ਾਹ ਦੇਣ ਦੇ ਲਈ ਮੁੱਖ ਮੰਤਰੀ ਦੀ ਅਗਵਾਈ ਵਿੱਚ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਅਮੀਰ ਸੱਭਿਆਚਾਰਕ ਵਿਰਾਸਤ ਵਾਲਾ ਸੂਬਾ ਏ, ਜਿੱਥੇ ਸੈਰ ਸਪਾਟਾ ਸਨਅਤ ਵਿੱਚ ਬਹੁਤ ਸਾਰੀਆਂ ਸੰਭਾਵਨਾਵਾਂ ਮੌਜੂਦ ਨੇ। ਮੋਹਾਲੀ ਵਿਖੇ ਬੋਲਦਿਆਂ ਉਨ੍ਹਾਂ ਕਿਹਾ ਕਿ ਪ੍ਰੈਸ ਕਲੱਬ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਸ਼ਹਿਰ ਦੇ ਵਿੱਚ ਸੱਭਿਆਚਾਰਕ, ਧਾਰਮਿਕ ਅਤੇ ਸਮਾਜ ਸੇਵਾ ਦੇ ਕੰਮਾਂ ਦੇ ਨਾਲ-ਨਾਲ,

ਪੱਤਰਕਾਰ ਭਾਈਚਾਰੇ ਦੇ ਮੈਂਬਰਾਂ ਦੀ ਭਲਾਈ ਲਈ ਵੀ ਕੰਮ ਕੀਤਾ ਜਾ ਰਿਹਾ ਏ, ਜੋ ਕਿ ਸ਼ਲਾਘਾਯੋਗ ਏ। ਕੈਬਿਨਟ ਮੰਤਰੀ ਨੇ ਕਿਹਾ ਕਿ ਪਿਛਲੇ ਦਿਨੀਂ ਹੀ ਉਨ੍ਹਾਂ ਵੱਲੋਂ ਆਪਣੇ ਕੋਲ ਮੌਜੂਦ ਉਦਯੋਗ ਵਿਭਾਗ ਨਾਲ ਸੰਬੰਧਿਤ ਸੀਨੀਅਰ ਅਧਿਕਾਰੀਆਂ ਦੀ ਮੀਟਿੰਗ ਲਈ ਗਈ ਏ ਅਤੇ ਉਦਯੋਗ ਜਗਤ ਨਾਲ ਸੰਬੰਧਿਤ ਵਪਾਰੀ ਵਰਗ ਦੀਆਂ ਬਕਾਇਆ ਮੰਗਾਂ ਦਾ ਵੀ ਹੱਲ ਕੀਤਾ ਜਾ ਰਿਹਾ ਏ।

-----------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਜ਼ਿਲ੍ਹੇ ਭਰ 'ਚ ਝੋਨੇ ਦੀ ਖਰੀਦ ਤੇਜ਼ੀ ਨਾਲ ਚਲ ਰਹੀ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਖਰੀਦ 'ਚ ਰੁਕਾਵਟ ਪੈਦਾ ਕਰਨ ਵਾਲੀ ਕਿਸੇ ਵੀ ਅੜਚਨ ਨੂੰ ਦੂਰ ਕਰਨ ਦੇ ਮੱਦੇਨਜ਼ਰ ਪੁਲਿਸ ਅਧਿਕਾਰੀਆਂ ਨਾਲ 19 ਸਾਂਝੀਆਂ ਟੀਮਾਂ ਕਾਇਮ ਕੀਤੀਆਂ ਨੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

---------------------------------------------------

ਪੰਜਾਬ  ਦਾ ਤਾਪਮਾਨ ਲਗਾਤਾਰ ਡਿੱਗਦਾ ਜਾ ਰਿਹਾ ਏ । ਬੀਤੇ ਕਲ ਸੂਬੇ ਦਾ ਤਾਪਮਾਨ  ਇਕ  ਡਿਗਰੀ ਘੱਟ ਗਿਆ ਏ । ਪੰਜਾਬ ਦਾ ਔਸਤ ਤਾਪਮਾਨ ਆਮ ਨਾਲੋਂ 2 ਡਿਗਰੀ ਵੱਧ ਏ ।  ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 36.9 ਡਿਗਰੀ ਦਰਜ ਕੀਤਾ ਗਿਆ । ਮੌਸਮ ਵਿਭਾਗ ਮੁਤਾਬਕ ਫਿਲਹਾਲ ਮੀਂਹ ਦੀ ਕੋਈ ਸੰਭਾਵਨਾ ਨਹੀਂ ਏ । ਇਸ ਦੌਰਾਨ ਪੰਜਾਬ ਵਿੱਚ ਕਲ ਪਰਾਲੀ ਸਾੜਨ ਦੇ 108 ਨਵੇਂ ਮਾਮਲੇ ਸਾਹਮਣੇ ਆਏ ਨੇ । ਤਰਨਤਾਰਨ ‘ਚ ਅੱਗ ਲੱਗਣ ਦੀਆਂ 24  ਮਾਮਲੇ ਫ਼ਿਰੋਜ਼ਪੁਰ ਵਿੱਚ 19, ਪਟਿਆਲਾ ਵਿੱਚ 11, ਅੰਮ੍ਰਿਤਸਰ ਅਤੇ ਸੰਗਰੂਰ ਵਿੱਚ 10-10 ਮਾਮਲੇ ਸਾਹਮਣੇ ਆਏ ਨੇ । ਇਸ ਸਾਲ ਹੁਣ ਤੱਕ ਸੂਬੇ ਵਿੱਚ ਖੇਤਾਂ ਨੂੰ ਅੱਗ ਲੱਗਣ ਦੀਆਂ 1,857 ਘਟਨਾਵਾਂ ਸਾਹਮਣੇ ਆ ਚੁੱਕੀਆਂ ਹਨ, ਜੋ ਪਿਛਲੇ ਸਾਲ ਦੀ ਗਿਣਤੀ 3,293 ਨਾਲੋਂ ਬਹੁਤ ਘੱਟ ਏ ।